ਅਜੀਤ, ਜਲੰਧਰ
ਲੁਧਿਆਣਾ
ਅਜੀਤ
ਸੋਮਵਾਰ, 20 ਅਕਤੂਬਰ 2025

ਧਨਤੇਰਸ ਮੌਕੇ ਵੱਖ-ਵੱਖ ਦੁਕਾਨਾਂ ਤੋਂ ਬਰਤਨ ਖਰੀਦਦੇ ਹੋਏ ਸ਼ਹਿਰਵਾਸੀ। ਤਸਵੀਰਾਂ : ਸੇਵਕ ਸਿੰਘ

ਧਨਤੇਰਸ ਮੌਕੇ ਸ਼ਹਿਰ ਵਾਸੀਆਂ ਨੇ ਕੀਤੀ ਖ਼ੂਬ ਖਰੀਦਦਾਰੀ

ਬਾਜ਼ਾਰਾਂ 'ਚ ਚਾਂਦੀ ਤੇ ਸਟੀਲ ਦੇ ਬਰਤਨਾਂ ਦੀ ਰਹੀ ਜ਼ਿਆਦਾ ਮੰਗ

ਲੁਧਿਆਣਾ, 19 ਅਕਤੂਬਰ (ਭੁਪਿੰਦਰ ਸਿੰਘ ਬੈਂਸ)-ਧਨਤੇਰਸ ਮੌਕੇ ਅੱਜ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ 'ਚ ਖਰੀਦਦਾਰਾਂ ਦਾ ਵਿਸ਼ੇਸ਼ ਰੁਝਾਨ ਦੇਖਣ ਨੂੰ ਮਿਲਿਆ। ਸ਼ਹਿਰ ਦੇ ਚੌੜਾ ਬਾਜ਼ਾਰ, ਘੁਮਾਰ ਮੰਡੀ, ਫੀਲਡ ਗੰਜ, ਬਿੰਦਰਾਬਨ ਰੋਡ, ਗਿੱਲ ਰੋਡ, ਜਮਾਲਪੁਰ ਤੇ ਹੋਰ ਖੇਤਰਾਂ ਦੀਆਂ ਮਾਰਕੀਟਾਂ ਵਿਚ ਸਵੇਰ ਤੋਂ ਹੀ ਲੋਕਾਂ ਦੀ ਭੀੜ ਦੇਖਣ ਨੂੰ ਮਿਲੀ। ਸ਼ਹਿਰਵਾਸੀਆਂ ਵਲੋਂ ਇਸ ਮੌਕੇ ਚਾਂਦੀ ਦੇ ਸਿੱਕੇ, ਚਾਂਦੀ ਦੇ ਬਰਤਨ, ਸਟੀਲ ਦੇ ਬਰਤਨ ਅਤੇ ਕਿਚਨ ਆਈਟਮਾਂ ਦੀ ਵੱਡੀ ਗਿਣਤੀ ਵਿਚ ਖਰੀਦਦਾਰੀ ਕੀਤੀ ਗਈ। ਕਈ ਲੋਕਾਂ ਨੇ ਘਰੇਲੂ ਉਪਕਰਨਾਂ ਜਿਵੇਂ ਕੀ ਮਿਕਸਰ, ਪ੍ਰੈਸ਼ਰ ਕੁੱਕਰ ਆਦਿ ਵੀ ਖਰੀਦੇ। ਦੁਕਾਨਦਾਰਾਂ ਮੁਤਾਬਿਕ ਧਨਤੇਰਸ ਮੌਕੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਵਿੱਕਰੀ ਵਿਚ ਵਾਧਾ ਦਰਜ ਕੀਤਾ ਗਿਆ ਹੈ। ਖਾਸ ਕਰਕੇ ਚਾਂਦੀ ਤੇ ਸਟੀਲ ਦੇ ਬਰਤਨਾਂ ਦੀ ਮੰਗ ਜ਼ਿਆਦਾ ਰਹੀ। ਕਈ ਦੁਕਾਨਦਾਰਾਂ ਨੇ ਦੱਸਿਆ ਕਿ ਇਸ ਸਾਲ ਆਨਲਾਈਨ ਆਰਡਰਾਂ ਦੇ ਨਾਲ ਨਾਲ ਆਫਲਾਈਨ ਗਾਹਕੀ ਵਿਚ ਵੀ ਵਾਧਾ ਹੋਇਆ ਹੈ।

47ਵਾਂ ਪ੍ਰੋ. ਮੋਹਨ ਸਿੰਘ ਯਾਦਗਾਰੀ ਅੰਤਰਰਾਸ਼ਟਰੀ ਸੱਭਿਆਚਾਰਕ ਮੇਲਾ ਸਮਾਪਤ

ਸੂਬੇ 'ਚ ਹੜ੍ਹਾਂ ਦੇ ਮੱਦੇਨਜ਼ਰ ਬਾਕੀ ਸਾਰੇ ਪ੍ਰੋਗਰਾਮ ਪਹਿਲਾਂ ਹੀ ਕੀਤੇ ਸਨ ਰੱਦ

ਲੁਧਿਆਣਾ, 19 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)- ਪ੍ਰੋ. ਮੋਹਨ ਸਿੰਘ ਦੇ ਪੰਜਾਬੀ ਭਵਨ ਨੇੜੇ ਲੱਗੇ ਬੁੱਤ 'ਤੇ ਸ਼ਰਧਾਂਜਲੀ ਦੇਣ ਉਪਰੰਤ ਪ੍ਰੋ: ਮੋਹਨ ਸਿੰਘ ਯਾਦਗਾਰੀ ਫਾਊਂਡੇਸ਼ਨ ਵਲੋਂ ਬੜੇ ਹੀ ਸਾਦਗੀ ਨਾਲ ਕਰਵਾਇਆ 47ਵਾਂ ਪ੍ਰੋ. ਮੋਹਨ ਸਿੰਘ ਯਾਦਗਾਰੀ ਅੰਤਰਰਾਸ਼ਟਰੀ ਸਭਿਆਚਾਰਕ ਮੇਲਾ ਸਮਾਪਤ ਹੋ ਗਿਆ। ਇਸ ਮੇਲੇ ਦੀ ਸ਼ੁਰੂਆਤ ਸਵ. ਜਗਦੇਵ ਸਿੰਘ ਜੱਸੋਵਾਲ ਨੇ ਆਪਣੇ ਜਿਗਰੀ ਦੋਸਤ ਪ੍ਰੋ. ਮੋਹਨ ਸਿੰਘ ਦੀ ਯਾਦ 'ਚ ਕੀਤੀ ਸੀ। ਜ਼ਿਕਰਯੋਗ ਹੈ ਕਿ ਮੇਲੇ ਨਾਲ ਜੁੜੇ ਬਾਕੀ ਪ੍ਰੋਗਰਾਮਾਂ ਨੂੰ ਸੂਬੇ ਅੰਦਰ ਆਈਆਂ ਹੜ੍ਹਾਂ ਦੇ ਮੱਦੇਨਜ਼ਰ ਪਹਿਲਾਂ ਹੀ ਰੱਦ ਕਰ ਦਿੱਤਾ ਗਿਆ ਸੀ। ਇਸ ਮੌਕੇ ਮੁੱਖ ਮਹਿਮਾਨ ਵਜੋਂ ਲੁਧਿਆਣਾ ਵਿਧਾਨ ਸਭਾ ਹਲਕਾ ਕੇਂਦਰੀ ਤੋਂ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਪਹੁੰਚੇ ਸਨ, ਜਿਨ੍ਹਾਂ ਨੇ ਫਾਊਂਡੇਸ਼ਨ ਦੇ ਮੈਂਬਰਾਂ ਤੇ ਹੋਰ ਪਤਵੰਤੇ ਸੱਜਣਾਂ ਦੀ ਮੌਜੂਦਗੀ ਵਿਚ ਪ੍ਰੋ. ਮੋਹਨ ਸਿੰਘ ਦੇ ਬੁੱਤ 'ਤੇ ਫੁੱਲ ਭੇਟ ਕੀਤੇ। ਇਸ ਤੋਂ ਇਲਾਵਾ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿਣ ਵਾਲੇ ਕਲਾਕਾਰਾਂ ਨੂੰ ਸ਼ਰਧਾਂਜਲੀ ਵੀ ਦਿੱਤੀ ਗਈ, ਜਿਨ੍ਹਾਂ ਵਿਚ ਵਿਸ਼ੇਸ਼ ਤੌਰ 'ਤੇ ਚਰਨਜੀਤ ਆਹੂਜਾ, ਜਸਵਿੰਦਰ ਭੱਲਾ ਤੇ ਗਾਇਕ ਰਾਜਵੀਰ ਜਵੰਦਾ ਨੂੰ ਯਾਦ ਕਰਦਿਆਂ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਮੁੱਖ ਮਹਿਮਾਨ ਅਸ਼ੋਕ ਪਰਾਸ਼ਰ ਪੱਪੀ, ਫਾਊਂਡੇਸ਼ਨ ਦੇ ਸਰਪ੍ਰਸਤ ਪਰਗਟ ਸਿੰਘ ਗਰੇਵਾਲ ਤੇ ਕ੍ਰਿਸ਼ਨ ਕੁਮਾਰ ਬਾਵਾ, ਪ੍ਰਧਾਨ ਰਾਜੀਵ ਕੁਮਾਰ, ਚੇਅਰਮੈਨ ਗੁਰਨਾਮ ਸਿੰਘ ਧਾਲੀਵਾਲ, ਡਾ. ਜਗਤਾਰ ਸਿੰਘ ਧੀਮਾਨ, ਡਾਇਰੈਕਟਰ ਯੂਥ ਵੈੱਲਫੇਅਰ ਪੰਜਾਬ ਸਰਕਾਰ ਡਾ. ਨਿਰਮਲ ਜੌੜਾ, ਅਮਰਿੰਦਰ ਸਿੰਘ ਜੱਸੋਵਾਲ, ਮਾਸਟਰ ਕਰਮਜੀਤ ਲਲਤੋਂ, ਮੋਹੀ ਅਮਰਜੀਤ, ਅਮਰਜੀਤ ਸ਼ੇਰਪੁਰੀ, ਡਾ. ਏ.ਵੀ.ਐਮ. ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਮਨੀਸ਼ਾ ਗਾਬਾ, ਜਸਵੰਤ ਕੌਰ, ਵੰਦਨਾ ਸੂਦ, ਕੁਲਦੀਪ ਕੌਰ, ਤਰਨਜੀਤ ਕੌਰ, ਸ਼ਰਨਪ੍ਰੀਤ ਕੌਰ, ਰੀਟਾ ਮੋਂਗਾ, ਪੂਨਮ ਗਿੱਲ, ਜਸਵੰਤ ਕੌਰ, ਮਨਦੀਪ ਕੌਰ ਭੰਵਰਾ, ਡਾ. ਕੋਚਰ ਆਦਿ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਪ੍ਰਧਾਨ ਰਾਜੀਵ ਕੁਮਾਰ ਲਵਲੀ ਤੇ ਚੇਅਰਮੈਨ ਗੁਰਨਾਮ ਸਿੰਘ ਧਾਲੀਵਾਲ ਨੇ ਸੰਬੋਧਨ ਕਰਦਿਆਂ, ਕਿਹਾ ਕਿ ਫਾਊਂਡੇਸ਼ਨ ਵਲੋਂ 47ਵਾਂ ਪ੍ਰੋਫੈਸਰ ਮੋਹਨ ਸਿੰਘ ਯਾਦਗਾਰੀ ਅੰਤਰਰਾਸ਼ਟਰੀ ਸਭਿਆਚਾਰਕ ਮੇਲਾ ਸੂਬੇ ਅੰਦਰ ਆਈਆਂ ਹੜ੍ਹਾਂ ਦੇ ਮੱਦੇਨਜ਼ਰ ਇਸ ਵਾਰ ਬਹੁਤ ਹੀ ਸਾਦੇ ਢੰਗ ਨਾਲ ਪ੍ਰੋ. ਮੋਹਨ ਸਿੰਘ ਦੇ ਨੂੰ ਸ਼ਰਧਾਂਜਲੀ ਭੇਟ ਕਰਕੇ ਮਨਾਇਆ ਗਿਆ। ਇਸ ਤੋਂ ਇਲਾਵਾ ਫਾਊਂਡੇਸ਼ਨ ਨੇ ਪ੍ਰੋ. ਮੋਹਨ ਸਿੰਘ ਦੇ ਬੁੱਤ ਨੂੰ ਮੁੜ ਤੋਂ ਲੁਧਿਆਣਾ-ਫ਼ਿਰੋਜ਼ਪੁਰ ਰੋਡ ਸਥਿਤ ਆਰਤੀ ਚੌਕ ਵਿਚ ਲਗਾਉਣ ਦੀ ਮੰਗ ਕੀਤੀ, ਜਿਸ ਨੂੰ ਪੂਰਾ ਕਰਨ ਲਈ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਵਲੋਂ ਹਾਮੀ ਭਰੀ ਗਈ ਹੈ। ਉਨ੍ਹਾਂ ਨੇ ਪ੍ਰੋਫੈਸਰ ਮੋਹਨ ਸਿੰਘ ਦੇ ਬੁੱਤ ਨੂੰ ਆਰਤੀ ਚੌਕ ਵਿਖੇ ਲਗਾਉਣ ਲਈ ਪੂਰਾ ਸਮਰਥਨ ਦੇਣ ਦਾ ਐਲਾਨ ਕੀਤਾ ਡਾ. ਨਿਰਮਲ ਜੌੜਾ ਤੇ ਕ੍ਰਿਸ਼ਨ ਕੁਮਾਰ ਬਾਵਾ ਨੇ ਕਿਹਾ ਕਿ ਇਹ ਮੇਲਾ ਉਨ੍ਹਾਂ ਦਿਨਾਂ ਦੌਰਾਨ ਵੀ ਲੱਗਦਾ ਰਿਹਾ ਹੈ, ਜਦੋਂ ਸੂਬੇ ਅੰਦਰ ਖਾੜਕੂਵਾਦ ਦਾ ਜ਼ੋਰ ਸੀ। ਉਨ੍ਹਾਂ ਕਿਹਾ ਕਿ ਸਵ. ਜਗਦੇਵ ਸਿੰਘ ਜੱਸੋਵਾਲ ਵਲੋਂ ਆਪਣੇ ਜਿਗਰੀ ਯਾਰ ਪ੍ਰੋ. ਮੋਹਨ ਸਿੰਘ ਦੀ ਯਾਦ ਵਿਚ ਇਸ ਮੇਲੇ ਦੀ ਸ਼ੁਰੂਆਤ ਕੀਤੀ ਸੀ। ਅਗਲੇ ਸਾਲ ਮੁੜ ਤੋਂ ਇਹ ਮੇਲਾ, ਆਪਣੀ ਪੁਰਾਣੀ ਰੰਗਤ ਨਾਲ ਸਭਿਆਚਾਰਕ ਪ੍ਰੋਗਰਾਮਾਂ ਦੇ ਆਯੋਜਨ ਕਰਕੇ ਮਨਾਇਆ ਜਾਵੇਗਾ। ਇਸੇ ਤਰ੍ਹਾਂ ਡਾ. ਜਗਤਾਰ ਸਿੰਘ ਧੀਮਾਨ ਵਲੋਂ ਪ੍ਰੋ. ਮੋਹਨ ਸਿੰਘ ਦੇ ਜੀਵਨ ਉਪਰ ਲੇਖਣੀਆਂ ਰਾਹੀ ਚਾਨਣਾ ਪਾਇਆ। ਇਸ ਮੌਕੇ ਡਾ. ਏ.ਵੀ.ਐਮ. ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਸਟਾਫ ਵਲੋਂ ਵੀ ਕਵਿਤਾਵਾਂ ਰਾਹੀ ਪ੍ਰੋ. ਮੋਹਨ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।

ਪ੍ਰੋ. ਮੋਹਨ ਸਿੰਘ ਯਾਦਗਾਰੀ ਅੰਤਰਰਾਸ਼ਟਰੀ ਸੱਭਿਆਚਾਰਕ ਮੇਲੇ ਮੌਕੇ ਸ਼ਰਧਾਂਜਲੀ ਦੇਣ ਉਪਰੰਤ ਮੇਲੇ ਦੀ ਸ਼ੁਰੂਆਤ ਕਰਨ ਸਮੇਂ ਮੁੱਖ ਮਹਿਮਾਨ ਵਿਧਾਇਕ ਅਸ਼ੋਕ ਪ੍ਰਾਸ਼ਰ ਪੱਪੀ, ਡਾ. ਨਿਰਮਲ ਜੌੜਾ, ਪ੍ਰਧਾਨ ਰਾਜੀਵ ਕੁਮਾਰ ਲਵਲੀ, ਕ੍ਰਿਸ਼ਨ ਕੁਮਾਰ ਬਾਵਾ, ਮਾਸਟਰ ਕਰਮਜੀਤ ਲਲਤੋਂ ਤੇ ਹੋਰ ਸ਼ਖ਼ਸੀਅਤਾਂ। ਤਸਵੀਰ : ਸੇਵਕ ਸਿੰਘ

ਸਥਾਨਕ ਭਾਜਪਾ ਦਫ਼ਤਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ, ਨਾਲ ਮੌਜੂਦ ਡਾ. ਸਤੀਸ਼ ਕੁਮਾਰ, ਨਵਲ ਜੈਨ। ਤਸਵੀਰ : ਸੇਵਕ ਸਿੰਘ

ਭਾਜਪਾ ਨਿਗਮ ਦੇ ਅਧਿਕਾਰੀਆਂ ਦੀ ਧੱਕੇਸ਼ਾਹੀ ਨਹੀਂ ਬਰਦਾਸ਼ਤ ਕਰੇਗੀ-ਰਜਨੀਸ਼ ਧੀਮਾਨ

ਲੁਧਿਆਣਾ, 18 ਅਕਤੂਬਰ (ਭੁਪਿੰਦਰ ਸਿੰਘ ਬੈਂਸ)-ਜ਼ਿਲ੍ਹਾ ਭਾਜਪਾ ਪ੍ਰਧਾਨ ਰਜਨੀਸ਼ ਧੀਮਾਨ ਨੇ ਤਿਉਹਾਰਾਂ ਦੇ ਸੀਜ਼ਨ ਦੌਰਾਨ ਨਗਰ ਨਿਗਮ ਅਧਿਕਾਰੀਆਂ ਵਲੋਂ ਦੁਕਾਨਦਾਰਾਂ ਅਤੇ ਰੇਹੜੀ-ਫੜ੍ਹੀ ਵਾਲਿਆਂ 'ਤੇ ਕੀਤੀ ਜਾ ਰਹੀ ਧੱਕੇਸ਼ਾਹੀ ਦਾ ਡੱਟ ਕੇ ਵਿਰੋਧ ਕੀਤਾ ਹੈ। ਸਥਾਨਕ ਭਾਜਪਾ ਦਫ਼ਤਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਧੀਮਾਨ ਨੇ ਕਿਹਾ ਕਿ 'ਆਪ' ਸਰਕਾਰ ਦੇ ਨੁਮਾਇੰਦਿਆਂ ਦੇ ਉਕਸਾਉਣ 'ਤੇ ਨਗਰ ਨਿਗਮ ਅਧਿਕਾਰੀਆਂ ਵਲੋਂ ਦੁਕਾਨਦਾਰਾਂ ਅਤੇ ਰੇਹੜੀ-ਫੜ੍ਹੀ ਵਾਲਿਆਂ 'ਤੇ ਕੀਤੀ ਜਾ ਰਹੀ ਧੱਕੇਸ਼ਾਹੀ ਨਿੰਦਣਯੋਗ ਹੈ। ਦੁਕਾਨਦਾਰ ਅਤੇ ਰੇਹੜੀ-ਫੜ੍ਹੀ ਵਾਲੇ ਸਾਰਾ ਸਾਲ ਦੀਵਾਲੀ ਦੀ ਉਡੀਕ ਕਰਦੇ ਹਨ ਤਾਂ ਜੋ ਉਹ ਤਿਉਹਾਰਾਂ ਦੇ ਸੀਜ਼ਨ ਦੌਰਾਨ ਪੈਸੇ ਕਮਾ ਸਕਣ ਅਤੇ ਆਪਣੇ ਪਰਿਵਾਰਾਂ ਦਾ ਗੁਜ਼ਾਰਾ ਕਰ ਸਕਣ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਨਗਰ ਨਿਗਮ ਅਧਿਕਾਰੀਆਂ ਵਲੋਂ ਧੱਕੇਸ਼ਾਹੀ ਕੀਤੀ ਜਾ ਰਹੀ ਹੈ, ਉਹ ਸਹਿਣਯੋਗ ਨਹੀਂ ਹੈ। ਧੀਮਾਨ ਨੇ ਕਿਹਾ ਕਿ ਦੀਵਾਲੀ ਖੁਸ਼ੀਆਂ ਦਾ ਤਿਉਹਾਰ ਹੈ, ਹਰ ਪਾਸੇ ਖੁਸ਼ੀ ਦਾ ਮਾਹੌਲ ਹੁੰਦਾ ਹੈ। ਹਾਲਾਂਕਿ, ਇਸ ਵਾਰ ਨਗਰ ਨਿਗਮ ਦੇ ਅਧਿਕਾਰੀ ਦੁਕਾਨਦਾਰਾਂ ਨੂੰ ਜਿਸ ਤਰ੍ਹਾਂ ਪਰੇਸ਼ਾਨ ਕਰ ਰਹੇ ਹਨ, ਉਨ੍ਹਾਂ ਨੇ ਉਨ੍ਹਾਂ ਦੀ ਖੁਸ਼ੀ ਨੂੰ ਗ੍ਰਹਿਣ ਲਗਾ ਦਿੱਤਾ ਹੈ। ਧੀਮਾਨ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਤਿਉਹਾਰਾਂ ਦੇ ਸੀਜ਼ਨ ਦੌਰਾਨ ਕਬਜ਼ੇ ਦੇ ਨਾਮ 'ਤੇ ਦੁਕਾਨਦਾਰਾਂ ਨੂੰ ਤੰਗ ਕਰਨਾ ਬੰਦ ਕਰਨ। ਇਸ ਮੌਕੇ ਭਾਜਪਾ ਜ਼ਿਲ੍ਹਾ ਉਪ ਪ੍ਰਧਾਨ ਨਵਲ ਜੈਨ, ਪ੍ਰੈੱਸ ਸਕੱਤਰ ਡਾ. ਸਤੀਸ਼ ਕੁਮਾਰ ਵੀ ਮੌਜੂਦ ਸਨ।

ਟਰਾਂਸਪੋਰਟਰਾਂ ਦੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਾਂਗੇ- ਅਰੋੜਾ

ਗੁਡਜ਼ ਟਰਾਂਸਪੋਰਟ ਐਸੋ: ਦਾ ਵਫ਼ਦ ਪ੍ਰਧਾਨ ਦਰਸ਼ਨ ਸਿੰਘ ਦੀ ਅਗਵਾਈ ਹੇਠ ਅਰੋੜਾ ਨੂੰ ਮਿਲਿਆ

ਲੁਧਿਆਣਾ, 19 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਲੁਧਿਆਣਾ ਗੁਡਜ਼ ਟਰਾਂਸਪੋਰਟ ਐਸੋਸੀਏਸ਼ਨ ਦੇ ਇਕ ਵਫ਼ਦ ਨੇ ਪ੍ਰਧਾਨ ਦਰਸ਼ਨ ਸਿੰਘ ਦੀ ਅਗਵਾਈ ਹੇਠ ਕੈਬਨਿਟ ਮੰਤਰੀ ਸੰਜੀਵ ਅਰੋੜਾ ਅਤੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨਾਲ ਮੁਲਾਕਾਤ ਕੀਤੀ। ਇਸ ਮੌਕੇ ਪ੍ਰਧਾਨ ਦਰਸ਼ਨ ਸਿੰਘ ਅਤੇ ਅਵਤਾਰ ਸਿੰਘ ਡੀ.ਸੀ. ਨੇ ਸੰਜੀਵ ਅਰੋੜਾ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ ਟਰਾਂਸਪੋਰਟ ਨਗਰ ਵਿਚ ਟਰਾਂਸਪੋਰਟਰਾਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਬਾਰੇ ਆਗੂਆਂ ਵਲੋਂ ਸੰਜੀਵ ਅਰੋੜਾ ਨਾਲ ਗੱਲਬਾਤ ਕੀਤੀ ਗਈ। ਦਰਸ਼ਨ ਸਿੰਘ ਨੇ ਦੱਸਿਆ ਕਿ ਕੈਬਨਿਟ ਮੰਤਰੀ ਨੂੰ ਟਰਾਂਸਪੋਰਟ ਨਗਰ ਵਿਚ ਪਾਰਕਿੰਗ ਨਾਜਾਇਜ਼ ਕਬਜ਼ੇ ਟਰੈਫ਼ਿਕ ਸਮੱਸਿਆ ਗੰਦਗੀ ਅਤੇ ਹੋਰ ਅਜਿਹੀਆਂ ਸਮੱਸਿਆ ਬਾਰੇ ਜਾਣੂ ਕਰਵਾਇਆ ਗਿਆ। ਆਗੂਆਂ ਵਲੋਂ ਕੈਬਨਿਟ ਮੰਤਰੀ ਨੂੰ ਦੱਸਿਆ ਕਿ ਟਰਾਂਸਪੋਰਟ ਨਗਰ ਵਿਚ ਸੜਕ ਵਿਚਾਲੇ ਕੁੱਝ ਬਿਜਲੀ ਦੇ ਟਰਾਂਸਫ਼ਾਰਮਰ ਹਨ, ਜੋ ਕਿ ਆਵਾਜਾਈ ਵਿਚ ਵਿਘਨ ਪਾਉਂਦੇ ਹਨ। ਇਹਨਾਂ ਨੂੰ ਜਲਦੀ ਤੋਂ ਹਟਾ ਹਟਾਇਆ ਜਾਵੇ ਤਾਂ ਹੀ ਕਾਫ਼ੀ ਹੱਦ ਤੱਕ ਟਰੈਫ਼ਿਕ ਦੀ ਸਮੱਸਿਆ ਹੱਲ ਹੋ ਸਕਦੀ ਹੈ। ਅਵਤਾਰ ਸਿੰਘ ਡੀਸੀ ਨੇ ਐਸੋਸੀਏਸ਼ਨ ਦੇ ਦਫ਼ਤਰ ਲਈ ਥਾਂ ਅਲਾਟ ਕਰਨ ਦੀ ਵੀ ਮੰਗ ਕੀਤੀ। ਸ੍ਰੀ ਅਰੋੜਾ ਨੇ ਭਰੋਸਾ ਦਿੱਤਾ ਕਿ ਇਹਨਾਂ ਸਮੱਸਿਆਵਾਂ ਨੂੰ ਜਲਦ ਹੱਲ ਕਰ ਲਿਆ ਜਾਵੇਗਾ। ਉਨ੍ਹਾਂ ਨੇ ਇਸ ਸਬੰਧੀ ਡਿਪਟੀ ਕਮਿਸ਼ਨਰ ਨੂੰ ਕਾਰਵਾਈ ਕਰਨ ਦੇ ਹੁਕਮ ਦਿੱਤੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਜੇ ਤਨੇਜਾ, ਹਰਸਿਮਰਤ ਸਿੰਘ, ਤਰਨਜੀਤ ਸਿੰਘ ਅਤੇ ਵਿਕਾਸ ਅਗਰਵਾਲ ਵੀ ਹਾਜ਼ਰ ਸਨ।

ਲੁਧਿਆਣਾ ਗੁਡਜ਼ ਟਰਾਂਸਪੋਰਟ ਐਸੋਸੀਏਸ਼ਨ ਦੇ ਪ੍ਰਧਾਨ ਦਰਸ਼ਨ ਸਿੰਘ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੂੰ ਗੁਲਦਸਤੇ ਭੇਟ ਕਰਨ ਸਮੇਂ, ਨਾਲ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਅਤੇ ਹੋਰ। ਅਜੀਤ ਤਸਵੀਰ

ਧੋਖਾਧੜੀ ਕਰਨ ਦੇ ਦੋਸ਼ ਤਹਿਤ ਕਲੋਨਾਈਜ਼ਰ ਖ਼ਿਲਾਫ਼ ਕੇਸ ਦਰਜ

ਲੁਧਿਆਣਾ, 19 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਕਲੋਨਾਈਜ਼ਰ ਜਾਇਦਾਦ ਦੇ ਮਾਮਲੇ ਵਿਚ ਧੋਖਾਧੜੀ ਕਰਨ ਦੇ ਦੋਸ਼ ਤਹਿਤ ਪੁਲਿਸ ਨੇ ਸ਼ਹਿਰ ਦੇ ਮਸ਼ਹੂਰ ਕਲੋਨਾਈਜ਼ਰ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਇਸ ਤੋਂ ਪਹਿਲਾਂ ਵੀ ਪੁਲਿਸ ਨੇ ਅੱਧੀ ਦਰਜਨ ਦੇ ਕਰੀਬ ਉਹ ਕਲੋਨਾਈਜ਼ਰ ਖ਼ਿਲਾਫ਼ ਮਾਮਲਾ ਦਰਜ ਕੀਤੇ ਸਨ, ਜੋ ਕਿ ਅਜੇ ਵਿਚਾਰ ਅਧੀਨ ਹਨ। ਪੁਲਿਸ ਵਲੋਂ ਇਹ ਕਾਰਵਾਈ ਬਾੜੇਵਾਲ ਅਵਾਣਾ ਦੇ ਰਹਿਣ ਵਾਲੇ ਬਲਬੀਰ ਸਿੰਘ ਅਤੇ ਸੁਰਜੀਤ ਸਿੰਘ ਗਰੇਵਾਲ ਪੁੱਤਰ ਜੰਗ ਸਿੰਘ ਅਤੇ ਪ੍ਰਤਾਪ ਸਿੰਘ ਦੀ ਸ਼ਿਕਾਇਤ 'ਤੇ ਅਮਲ ਵਿਚ ਲਿਆਂਦੀ ਹੈ ਤੇ ਇਸ ਸਬੰਧੀ ਪੁਲਿਸ ਨੇ ਜੇ.ਕੇ. ਅਰੋੜਾ ਬਿਲਡਰਸ ਦੇ ਮੁਖੀ ਕਰਨ ਅਰੋੜਾ ਪੁੱਤਰ ਜਗਦੀਸ਼ ਅਰੋੜਾ ਵਾਸੀ ਬਾੜੇਵਾਲ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਪੁਲਿਸ ਪਾਸ ਲਿਖਵਾਈ ਮੁੱਢਲੀ ਰਿਪੋਰਟ ਵਿਚ ਸ਼ਿਕਾਇਤਕਰਤਾ ਨੇ ਉਕਤ ਕਥਿਤ ਦੋਸ਼ੀ 'ਤੇ ਜਾਅਲੀ ਦਸਤਾਵੇਜ਼ਾਂ ਦੇ ਆਧਾਰ 'ਤੇ ਉਨ੍ਹਾਂ ਦੀ ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਕਰਨ ਦਾ ਦੋਸ਼ ਲਗਾਇਆ ਹੈ। ਸ਼ਿਕਾਇਤਕਰਤਾ ਵਲੋਂ ਇਹ ਸਾਰਾ ਮਾਮਲਾ ਪੁਲਿਸ ਦੇ ਧਿਆਨ ਵਿਚ ਲਿਆਂਦਾ ਗਿਆ ਤਾਂ ਪੁਲਿਸ ਉਚ ਅਧਿਕਾਰੀਆਂ ਵਲੋਂ ਇਸ ਸਾਰੇ ਮਾਮਲੇ ਦੀ ਉਚ ਪੱਧਰੀ ਜਾਂਚ ਦੇ ਹੁਕਮ ਦਿੱਤੇ। ਜਾਂਚ ਉਪਰੰਤ ਪੁਲਿਸ ਵਲੋਂ ਇਹ ਮਾਮਲਾ ਦਰਜ ਕਰ ਲਿਆ ਗਿਆ, ਪਰ ਹਾਲ ਦੀ ਘੜੀ ਇਸ ਮਾਮਲੇ ਵਿਚ ਕੋਈ ਵੀ ਗ੍ਰਿਫ਼ਤਾਰੀ ਨਹੀਂ ਕੀਤੀ ਗਈ ਹੈ। ਸ਼ਰੇਆਮ ਪਿੰਡ ਥਰੀਕੇ ਵਿਚ ਹੋਈ ਇਸ ਘਟਨਾ ਕਾਰਨ ਇਲਾਕੇ ਵਿਚ ਡਰ ਤੇ ਦਹਿਸ਼ਤ ਦਾ ਮਾਹੌਲ ਪਾਇਆ ਜਾ ਰਿਹਾ ਹੈ। ਜਦਕਿ ਪੁਲਿਸ ਵਲੋਂ ਇਸ ਮਾਮਲੇ ਦੀ ਜਾਂਚ ਕੀਤੇ ਜਾਣ ਬਾਰੇ ਕਿਹਾ ਜਾ ਰਿਹਾ ਹੈ।

ਏਸ਼ੀਅਨ ਕੱਪ ਲਈ ਚੁਣੀਆਂ ਗਈਆਂ ਖਿਡਾਰਨਾਂ ਦੇ ਨਾਲ ਸਕੱਤਰ ਹਰਬੀਰ ਸਿੰਘ ਅਤੇ ਪ੍ਰਧਾਨ ਸੁਖਦੇਵ ਸਿੰਘ ਔਲਖ। ਅਜੀਤ ਤਸ